# ਪੰਨਾ ੪੭੧

ਸਲੋਕੁ ਮਃ ੧ ॥ ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ ॥ ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ ॥ ਨਾ ਏਹੁ ਤੁਟੈ ਨ ਮਲੁ ਲਗੈ ਨਾ ਏਹੁ ਜਲੈ ਨ ਜਾਇ ॥ ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ ॥ ਚਉਕੜਿ ਮੁਲਿ ਅਣਾਇਆ ਬਹਿ ਚਉਕੈ ਪਾਇਆ ॥ ਸਿਖਾ ਕੰਨਿ ਚੜਾਈਆ ਗੁਰੁ ਬ੍ਰਾਹਮਣੁ ਥਿਆ ॥ ਓਹੁ ਮੁਆ ਓਹੁ ਝੜਿ ਪਇਆ ਵੇਤਗਾ ਗਇਆ ॥ ੧ ॥ ਮਃ ੧ ॥ ਲਖ ਚੋਰੀਆ ਲਖ ਜਾਰੀਆ ਲਖ ਕੂੜੀਆ ਲਖ ਗਾਲਿ ॥ ਲਖ ਠਗੀਆ ਪਹਿਨਾਮੀਆ ਰਾਤਿ ਦਿਨਸੁ ਜੀਅ ਨਾਲਿ ॥ ਤਗੁ ਕਪਾਹਹੁ ਕਤੀਐ ਬਾਮ੍ਹਣੁ ਵਟੇ ਆਇ ॥ ਕੁਹਿ ਬਕਰਾ ਰਿੰਨ੍ਹਿ ਖਾਇਆ ਸਭੁ ਕੋ ਆਖੈ ਪਾਇ ॥ ਹੋਇ ਪੁਰਾਣਾ ਸੁਟੀਐ ਭੀ ਫਿਰਿ ਪਾਈਐ ਹੋਰੁ ॥ ਨਾਨਕ ਤਗ ਨ ਤੁਟਈ ਜੇ ਤਗਿ ਹੋਵੈ ਜੋਰੁ ॥ ੨ ॥

Tape/CD: 1337

# ਪੰਨਾ ੨੦੭

ਗਉੜੀ ਮਹਲਾ ੫ ॥ ਮਿਲਹੁ ਪਿਆਰੇ ਜੀਆ ॥ ਪ੍ਰਭ ਕੀਆ ਤੁਮਾਰਾ ਥੀਆ ॥ ੧ ॥ ਰਹਾਉ ॥ ਅਨਿਕ ਜਨਮ ਬਹੁ ਜੋਨੀ ਭ੍ਰਮਿਆ ਬਹੁਰਿ ਬਹੁਰਿ ਦੁਖੁ ਪਾਇਆ ॥ ਤੁਮਰੀ ਕ੍ਰਿਪਾ ਤੇ ਮਾਨੁਖ ਦੇਹ ਪਾਈ ਹੈ ਦੇਹੁ ਦਰਸੁ ਹਰਿ ਰਾਇਆ ॥ ੧ ॥ ਸੋਈ ਹੋਆ ਜੋ ਤਿਸੁ ਭਾਣਾ ਅਵਰੁ ਨ ਕਿਨ ਹੀ ਕੀਤਾ ॥ ਤੁਮਰੈ ਭਾਣੈ ਭਰਮਿ ਮੋਹਿ ਮੋਹਿਆ ਜਾਗਤੁ ਨਾਹੀ ਸੂਤਾ ॥ ੨ ॥ ਬਿਨਉ ਸੁਨਹੁ ਤੁਮ ਪ੍ਰਾਨਪਤਿ ਪਿਆਰੇ ਕਿਰਪਾ ਨਿਧਿ ਦਇਆਲਾ ॥ ਰਾਖਿ ਲੇਹੁ ਪਿਤਾ ਪ੍ਰਭ ਮੇਰੇ ਅਨਾਥਹ ਕਰਿ ਪ੍ਰਤਿਪਾਲਾ ॥ ੩ ॥ ਜਿਸ ਨੋ ਤੁਮਹਿ ਦਿਖਾਇਓ ਦਰਸਨੁ ਸਾਧਸੰਗਤਿ ਕੈ ਪਾਛੈ ॥ ਕਰਿ ਕਿਰਪਾ ਧੂਰਿ ਦੇਹੁ ਸੰਤਨ ਕੀ ਸੁਖੁ ਨਾਨਕੁ ਇਹੁ ਬਾਛੈ ॥ ੪ ॥ ੯ ॥ ੧੩੦ ॥

Tape/CD: 1337

# ਪੰਨਾ ੧੨੯੮-੧੨੯੯

ਕਾਨੜਾ ਮਹਲਾ ੫ ॥ ਐਸੀ ਮਾਂਗੁ ਗੋਬਿਦ ਤੇ ॥ ਟਹਲ ਸੰਤਨ
ਕੀ ਸੰਗੁ ਸਾਧੂ ਕਾ ਹਰਿ ਨਾਮਾਂ ਜਪਿ ਪਰਮ ਗਤੇ ॥ ੧ ॥
ਰਹਾਉ ॥ ਪੂਜਾ ਚਰਨਾ ਠਾਕੁਰ ਸਰਨਾ ॥ ਸੋਈ ਕੁਸਲੁ ਜੁ ਪ੍ਰਭ
ਜੀਉ ਕਰਨਾ ॥ ੧ ॥ ਸਫਲ ਹੋਤ ਇਹ ਦੁਰਲਭ ਦੇਹੀ ॥ ਜਾ
ਕਉ ਸਤਿਗੁਰੁ ਮਇਆ ਕਰੇਹੀ ॥ ੨ ॥ ਅਗਿਆਨ ਭਰਮੁ
ਬਿਨਸੈ ਦੁਖ ਡੇਰਾ ॥ ਜਾ ਕੈ ਹ੍ਰਿਦੈ ਬਸਹਿ ਗੁਰ ਪੈਰਾ ॥ ੩ ॥
ਸਾਧਸੰਗਿ ਰੰਗਿ ਪ੍ਰਭੁ ਧਿਆਇਆ ॥ ਕਹੁ ਨਾਨਕ ਤਿਨਿ ਪੂਰਾ
ਪਾਇਆ ॥ ੪ ॥ ੪ ॥